## ਆਪਣੇ ਪਿੰਡ ਦੇ ਸਰਪੰਚ ਨੂੰ ਮੁਹੱਲੇ ਦੀ ਸਫ਼ਾਈ ਅਤੇ ਗੰਦੇ ਪਾਣੀ ਦੇ ਪ੍ਰਬੰਧ ਨੂੰ ਸੁਧਾਰਨ ਲਈ ਪੱਤਰ ਲਿਖੋ।



ਸੇਵਾ ਵਿਖੇ

ਸਰਪੰਚ,

ਗ੍ਰਾਮ ਪੰਚਾਇਤ,

ਪਿੰਡ ...............।

**ਵਿਸ਼ਾ :** ਮੁਹੱਲੇ ਦੀ ਸਫ਼ਾਈ ਅਤੇ ਗੰਦੇ ਪਾਣੀ ਦੇ ਪ੍ਰਬੰਧ ਨੂੰ ਸੁਧਾਰਨ ਸੰਬੰਧੀ।

ਸ਼੍ਰੀਮਾਨ ਜੀ,

ਬੇਨਤੀ ਹੈ ਕਿ ਮੈਂ ਆਪ ਜੀ ਦਾ ਧਿਆਨ ਪਿੰਡ ਦੀ ਫਿਰਨੀ ਅਤੇ ਗਲੀਆਂ ਵੱਲ ਦਿਵਾਉਣਾ ਚਾਹੁੰਦਾ ਹਾਂ। ਫਿਰਨੀ ’ਤੇ ਸੜਕ ਦੇ ਦੋਵੇਂ ਪਾਸੇ ਗੰਦਗੀ ਦੇ ਢੇਰ ਲੱਗੇ ਰਹਿੰਦੇ ਹਨ ਜਿਸ ਕਰਕੇ ਹਮੇਸ਼ਾਂ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਕੁੱਤੇ, ਬਿੱਲੀਆਂ, ਸੂਰ ਤੇ ਹੋਰ ਅਵਾਰਾ ਪਸੂ ਇਹਨਾਂ ਗੰਦਗੀ ਦੇ ਢੇਰਾਂ ਨੂੰ ਫਰੋਲ਼ਦੇ ਰਹਿੰਦੇ ਹਨ, ਜਿਸ ਕਾਰਨ ਸੜਕ ’ਤੇ ਵੀ ਕੂੜਾ-ਕਰਕਟ ਖਿੱਲਰ ਜਾਦਾ ਹੈ।

ਗੰਦੇ ਪਾਣੀ ਦੇ ਨਿਕਾਸ ਲਈ ਵੀ ਉੱਚਿਤ ਪ੍ਰਬੰਧ ਨਹੀਂ ਹੈ, ਜਿਸ ਕਾਰਨ ਬਰਸਾਤ ਦੇ ਦਿਨਾਂ ਵਿਚ ਗੰਦਾ ਪਾਣੀ ਸੜਕਾਂ ਅਤੇ ਗਲੀਆਂ ਵਿਚ ਭਰ ਜਾਂਦਾ ਹੈ।

ਸੋ ਮੈਂ ਆਪਣੇ ਪਿੰਡ ਵਾਸੀਆਂ ਵਲੋਂ ਆਪ ਜੀ ਨੂੰ ਬੇਨਤੀ ਕਰਦਾ ਹਾਂ ਕਿ ਛੇਤੀ ਤੋਂ ਛੇਤੀ ਕੂੜਾ ਚੁਕਾਉਣ ਦਾ ਉਪਰਾਲਾ ਕੀਤਾ ਜਾਵੇ। ਕੂੜਾ ਸੁੱਟਣ ਲਈ ਵੱਡੇ-ਵੱਡੇ ਢੱਕਣਦਾਰ ਢੋਲ ਰਖਵਾਉਣ ਦੀ ਕਿਰਪਾਲਤਾ ਕੀਤੀ ਜਾਵੇ ਜੀ। ਗੰਦੇ ਪਾਣੀ ਦੇ ਨਿਕਾਸ ਲਈ ਨਾਲੀਆਂ ਨੂੰ ਸਾਫ਼ ਕਰਵਾਇਆ ਜਾਵੇ ਤਾਂ ਜੋ ਇਲਾਕਾ-ਨਿਵਾਸੀ ਘਾਤਕ ਬਿਮਾਰੀਆਂ ਤੋਂ ਬਚੇ ਰਹਿਣ।

ਧੰਨਵਾਦ ਸਹਿਤ।

ਆਪ ਦਾ ਵਿਸ਼ਵਾਸਪਾਤਰ,

..................,

ਮਿਤੀ ... ਮਈ, 2020

ਪਿੰਡ ............।